**ਪਉੜੀ ॥ ਜਿਨ ਕੇ ਚਿਤ ਕਠੋਰ ਹਹਿ ਸੇ ਬਹਹਿ ਨ ਸਤਿਗੁਰ ਪਾਸਿ ॥ ਓਥੈ ਸਚੁ ਵਰਤਦਾ ਕੂੜਿਆਰਾ ਚਿਤ ਉਦਾਸਿ ॥ ਓਇ ਵਲੁ ਛਲੁ ਕਰਿ ਝਤਿ ਕਢਦੇ ਫਿਰਿ ਜਾਇ ਬਹਹਿ ਕੂੜਿਆਰਾ ਪਾਸਿ ॥ ਵਿਚਿ ਸਚੇ ਕੂੜੁ ਨ ਗਡਈ ਮਨਿ ਵੇਖਹੁ ਕੋ ਨਿਰਜਾਸਿ ॥ ਕੂੜਿਆਰ ਕੂੜਿਆਰੀ ਜਾਇ ਰਲੇ ਸਚਿਆਰ ਸਿਖ ਬੈਠੇ ਸਤਿਗੁਰ ਪਾਸਿ ॥੨੬॥** {ਪੰਨਾ 314}

ਪਦਅਰਥ:- ਚਿਤ—ਚਿੱਤ ਨੂੰ। ਉਦਾਸਿ—ਉਦਾਸੀ। ਝਤਿ ਕਢਦੇ—ਸਮਾ ਲੰਘਾਂਦੇ ਹਨ। ਗਡਈ—ਰਲਦਾ। ਨਿਰਜਾਸਿ—ਨਿਖੇੜਾ ਕਰ ਕੇ।

ਅਰਥ—ਜਿਨ੍ਹਾਂ ਮਨੁੱਖਾਂ ਦੇ ਮਨ ਕਰੜੇ (ਭਾਵ, ਨਿਰਦਈ) ਹੁੰਦੇ ਹਨ, ਉਹ ਸਤਿਗੁਰੂ ਦੇ ਕੋਲ ਨਹੀਂ ਬਹਿ ਸਕਦੇ। ਓਥੇ (ਸਤਿਗੁਰੂ ਦੀ ਸੰਗਤ ਵਿਚ ਤਾਂ) ਸੱਚ ਦੀਆਂ ਗੱਲਾਂ ਹੁੰਦੀਆਂ ਹਨ, ਕੂੜ ਦੇ ਵਪਾਰੀਆਂ ਦੇ ਮਨ ਨੂੰ ਉਦਾਸੀ ਲੱਗੀ ਰਹਿੰਦੀ ਹੈ। (ਸਤਿਗੁਰੂ ਦੀ ਸੰਗਤ ਵਿਚ) ਓਹ ਵਲ-ਫ਼ਰੇਬ ਕਰ ਕੇ ਸਮਾਂ ਲੰਘਾਉਂਦੇ ਹਨ, (ਉਥੋਂ ਉਠ ਕੇ) ਫੇਰ ਝੂਠਿਆਂ ਪਾਸ ਹੀ ਜਾ ਬਹਿੰਦੇ ਹਨ। ਕੋਈ ਧਿਰ ਮਨ ਵਿਚ ਨਿਰਨਾ ਕਰ ਕੇ ਵੇਖ ਲਵੇ, ਸੱਚੇ (ਮਨੁੱਖ ਦੇ ਹਿਰਦੇ ਵਿਚ) ਝੂਠ ਨਹੀਂ ਰਲ ਸਕਦਾ (ਭਾਵ, ਆਪਣਾ ਡੂੰਘਾ ਪ੍ਰਭਾਵ ਨਹੀਂ ਪਾ ਸਕਦਾ)। ਝੂਠੇ ਝੂਠਿਆਂ ਵਿਚ ਹੀ ਜਾ ਰਲਦੇ ਹਨ ਤੇ ਸੱਚੇ ਸਿੱਖ ਸਤਿਗੁਰੂ ਕੋਲ ਹੀ ਜਾ ਬੈਠਦੇ ਹਨ। 26।